# ਦਫਤਰ ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਭਵਨ ਤੇ ਮਾਰਗ ਸ਼ਾਖਾ, ਸ੍ਰੀ ਮੁਕਤਸਰ ਸਾਹਿਬ।

Email ID: eecdmuktsarpwdpb@ gmail. com

ਵੱਲ,

ਪ੍ਰਿੰਸੀਪਲ,
ਗੁਰੂ ਗੋਬਿੰਦ ਸਿੰਘ, ਪਬਲਿਕ ਸਕੂਲ,
ਮਡਾਹਰ ਕਲਾਂ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ।

ਨੰਬਰ: 1797      ਮਿਤੀ: 08/06/2026

ਵਿਸ਼ਾ:- ਸਾਲ 2026-27 ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਲੈਣ ਸਬੰਧੀ। (ਗੁਰੂ ਗੋਬਿੰਦ ਸਿੰਘ, ਪਬਲਿਕ ਸਕੂਲ, ਮਡਾਹਰ ਕਲਾਂ, ਜਿਲ੍ਹਾ ਸ੍ਰੀ ਮੁਕਤਸਰ ਸਾਹਿਬ)।

ਹਵਾਲਾ:- ਆਪ ਦਾ ਪੱਤਰ ਨਿੱਲ ਮਿਤੀ 02-04-2026

ਉਪਰੋਕਤ ਵਿਸ਼ੇ ਅੰਕਿਤ ਸਕੂਲ ਦੀ ਇਮਾਰਤ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਸਾਲ 2026-27 ਲੈਣ ਲਈ ਆਪ ਵੱਲੋਂ ਇਸ ਦਫਤਰ ਵਿਖੇ ਪ੍ਰਾਪਤ ਹੋਇਆ ਹੈ। ਆਪ ਦਾ ਸਕੂਲ ਦੀ ਬਿਲਡਿੰਗ ਦਾ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ. 1 ਭ ਤੇ ਮ ਸ਼ਾਖਾ, ਸ੍ਰੀ ਮੁਕਤਸਰ ਸਾਹਿਬ ਦੇ ਦਫਤਰ ਵੱਲੋਂ ਵਿਜੂਅਲੀ ਇੰਸਪੈਕਸ਼ਨ ਕੀਤੀ ਗਈ ਅਤੇ ਉਨ੍ਹਾਂ ਦੀ ਰਿਪੋਰਟ/ ਸਿਫਾਰਿਸ਼ ਅਨੁਸਾਰ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ:-

1. ਸਕੂਲ ਕੋਲ ਕਿਸੇ ਅਣਸੁਖਾਵੀਂ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮਿਖਿਆ ਅਤੇ ਅਪਡੇਟ ਕਰਦੇ ਰਹਿਣਾ ਚਾਹੀਦਾ ਹੈ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਥਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੇ ਜਾਣੇ ਹਨ ਤਾਂ ਇਸ ਦਫਤਰ ਨੂੰ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸਦਾ ਸੇਫਟੀ ਸਰਟੀਫਿਕੇਟ ਇਸ ਦਫਤਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾਂ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਜਾਂ ਕਿਸੇ ਹੋਰ ਕਾਰਨ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਇਸ ਦਫਤਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਿਤ ਵਿਭਾਗ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਇਲੈਕਟ੍ਰੀਕਲ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜਿੰਮੇਵਾਰ ਹੈ।
6. ਸਕੂਲ ਨੂੰ ਸਟਾਫ ਮੈਂਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕਾਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਿਲ ਹਨ।
7. ਸਕੂਲ ਦੇ ਕਵਰਡ ਏਰੀਏ ਦੀ ਹਿਸਾਬ ਨਾਲ ਮੰਡਲ ਦਫਤਰ ਵੱਲੋਂ ਚਾਲਾਣ ਰਾਹੀਂ ਦਸ ਹਜਾਰ ਰੁਪਏ (10000/-) ਬਿਲਡਿੰਗ ਨਿਰੀਖਣ ਫੀਸ ਵਜੋਂ ਜਮ੍ਹਾਂ ਕਰਵਾ ਦਿੱਤੇ ਗਏ ਹਨ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ 10-06-2026 ਤੱਕ ਵੈਲਿਡ ਹੈ ਅਤੇ ਸਕੂਲ ਪ੍ਰਬੰਧਨ ਸਮੇਂ ਸੀਮਾਂ ਅੰਦਰ ਫਾਇਰ ਫਾਇਰ ਸਰਟੀਫਿਕੇਟ ਰੀਨਿਊ ਕਰਵਾਉਣ ਲਈ ਜਿੰਮੇਵਾਰ ਹੋਵੇਗਾ।
8. ਇਸ ਪੱਤਰ/ ਸਰਟੀਫਿਕੇਟ ਦੀ ਸਕੂਲ ਦੀ ਜਗ੍ਹਾ ਦੀ ਮਲਕੀਅਤ ਨਾਲ ਕੋਈ ਸਬੰਧ ਨਹੀਂ ਹੈ।
9. ਇਸ ਪੱਤਰ/ ਸਰਟੀਫਿਕੇਟ ਦਾ ਸਕੂਲ ਦੇ ਪਲਾਟ ਏਰੀਏ ਨਾਲ ਕੋਈ ਸਬੰਧ ਨਹੀਂ ਹੈ।
10. ਇਸ ਮੰਨਜੂਰੀ ਦਾ ਸ਼ਡਿਊਲਡ ਰੋਡ ਐਕਟ ਨਾਲ ਕੋਈ ਸਬੰਧ ਨਹੀਂ ਹੈ।
11. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਹੈ।
12. ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ 10-06-2026 ਨੂੰ ਖਤਮ ਹੋਣਾ ਹੈ। ਸਕੂਲ ਇਸ ਤੋਂ ਬਾਅਦ ਮਿਤੀ 31-03-2027 ਤੱਕ ਦਾ ਫਾਇਰ ਸੇਫਟੀ ਸਰਟੀਫਿਕੇਟ ਤੁਰੰਤ ਬਾਅਦ ਇਸ ਦਫਤਰ ਪਾਸ ਜਮ੍ਹਾਂ ਕਰਵਾਉਣ ਲਈ ਪਾਬੰਦ ਹੋਵੇਗਾ, ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਸ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ।
13. ਜੇਕਰ ਭਵਿੱਖ ਵਿੱਚ ਪੰਜਾਬ ਸਰਕਾਰ ਵੱਲੋਂ ਕੋਈ ਵੀ ਰੋਡ ਅਸੈਸ ਜਾਂ ਕੋਈ ਹੋਰ ਫੀਸ ਪ੍ਰਾਪਤ ਕਰਨ ਲਈ ਹਦਾਇਤਾਂ ਪ੍ਰਾਪਤ ਹੁੰਦੀਆਂ ਹਨ ਤਾਂ ਉਹ ਫੀਸ ਆਪ ਦਾ ਸਕੂਲ ਭਰਨ ਲਈ ਪਾਬੰਦ ਹੋਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਆਪ ਨੂੰ ਬਿਨ੍ਹਾਂ ਕੋਈ ਨੋਟਿਸ ਦਿੱਤੇ ਜਾਰੀ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਕੀਤਾ ਜਾ ਸਕਦਾ ਹੈ।

ਨੱਥੀ/ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਭ ਤੇ ਮ ਸ਼ਾਖਾ,
ਸ੍ਰੀ ਮੁਕਤਸਰ ਸਾਹਿਬ।

ਪਿੱਠ ਅੰਕਣ ਨੰ:      ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਉਪ ਮੰਡਲ ਨੰ. 1 ਭ ਤੇ ਮ ਸ਼ਾਖਾ, ਸ੍ਰੀ ਮੁਕਤਸਰ ਸਾਹਿਬ ਨੂੰ ਉਹਨਾਂ ਦੇ ਪੱਤਰ ਨੰਬਰ: 119 ਮਿਤੀ: 05-06-2026 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

Principal
Guru Gobind Singh Public School
Madahar Kalan (Sri Muktsar Sahib)
Affiliated No. 1630367

PRESIDENT
GURU GOBIND SINGH
EDUCATIONAL SOCIETY
BARIWALA (MUKTSAR)

ਕਾਰਜਕਾਰੀ ਇੰਜੀਨੀਅਰ,
ਉਸਾਰੀ ਮੰਡਲ ਭ ਤੇ ਮ ਸ਼ਾਖਾ,
ਸ੍ਰੀ ਮੁਕਤਸਰ ਸਾਹਿਬ।